# Prime Minister’s meeting with Prime Minister of Iceland

May 04, 2022

# ਪ੍ਰਧਾਨ ਮੰਤਰੀ ਦੀ ਆਈਸਲੈਂਡ ਦੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਕੋਪਨਹੈਗਨ ਵਿੱਚ ਦੂਸਰੇ ਇੰਡੀਆ-ਨੌਰਡਿਕ ਸਮਿਟ ਤੋਂ ਹਟਕੇ ਆਈਸਲੈਂਡ ਦੀ ਪ੍ਰਧਾਨ ਮੰਤਰੀ ਕਾਰਟਿਨ ਜੈਕਬਸਡੌਟਿਰ ਨਾਲ ਦੁਵੱਲੀ ਮੀਟਿੰਗ ਕੀਤੀ।

ਦੋਹਾਂ ਪ੍ਰਧਾਨ ਮੰਤਰੀਆਂ ਨੇ ਅਪ੍ਰੈਲ, 2018 ਵਿੱਚ ਸਟਾਕਹੋਮ ਵਿੱਚ ਪਹਿਲੇ ਭਾਰਤ-ਨੌਰਡਿਕ ਸੰਮੇਲਨ ਦੌਰਾਨ ਆਪਣੀ ਪਹਿਲੀ ਮਲਾਕਾਤ ਨੰ ਗਰਮਜੋਸ਼ੀ ਨਾਲ ਯਾਦ ਕੀਤਾ। ਉਨ੍ਹਾਂ ਨੋਟ ਕੀਤਾ ਕਿ ਇਸ ਸਾਲ ਦੋਵੇਂ ਦੇਸ਼ ਕੂਟਨੀਤਕ ਸਬੰਧਾਂ ਦੀ ਸਥਾਪਨਾ ਦੀ 50ਵੀਂ ਵਰ੍ਹੇਗੰਢ ਦਾ ਜਸ਼ਨ ਮਨਾ ਰਹੇ ਹਨ।

ਦੋਹਾਂ ਨੇਤਾਵਾਂ ਨੇ ਵਿਸ਼ੇਸ਼ ਤੌਰ 'ਤੇ ਭੂ-ਤਾਪ ਊਰਜਾ, ਨੀਲੀ ਅਰਥਵਿਵਸਥਾ, ਆਰਕਟਿਕ, ਅਖੁੱਟ ਊਰਜਾ, ਮੱਛੀ ਪਾਲਣ, ਫੂਡ ਪ੍ਰੋਸੈੱਸਿੰਗ, ਡਿਜੀਟਲ ਯਨੀਵਰਸਿਟੀਆਂ ਅਤੇ ਸੱਭਿਆਚਾਰ ਸਮੇਤ ਸਿੱਖਿਆ ਦੇ ਖੇਤਰਾਂ ਵਿੱਚ ਆਰਥਿਕ ਸਹਿਯੋਗ ਨੰ ਹੋਰ ਮਜ਼ਬੂਤ ਕਰਨ ਦੇ ਤਰੀਕਿਆਂ 'ਤੇ ਚਰਚਾ ਕੀਤੀ। ਭੂ-ਤਾਪ ਊਰਜਾ, ਖਾਸ ਤੌਰ 'ਤੇ, ਇੱਕ ਅਜਿਹਾ ਖੇਤਰ ਹੈ ਜਿੱਥੇ ਆਈਸਲੈਂਡ ਦੀ ਵਿਸ਼ੇਸ਼ ਮੁਹਾਰਤ ਹੈ ਅਤੇ ਦੋਵੇਂ ਧਿਰਾਂ ਇਸ ਖੇਤਰ ਵਿੱਚ ਦੋਵਾਂ ਦੇਸ਼ਾਂ ਦੀਆਂ ਯੂਨੀਵਰਸਿਟੀਆਂ ਦਰਮਿਆਨ ਸਹਿਯੋਗ 'ਤੇ ਜ਼ੋਰ ਦਿੰਦੀਆਂ ਹਨ।

ਪ੍ਰਧਾਨ ਮੰਤਰੀ ਨੇ ਲਿੰਗ ਸਮਾਨਤਾ ਨੰ ਹਲਾਰਾ ਦੇਣ ਲਈ ਪ੍ਰਧਾਨ ਮੰਤਰੀ ਜੈਕਬਸਡੌਟਿਰ ਦੇ ਨਿਜੀ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਇਸ ਸਬੰਧ ਵਿੱਚ ਭਾਰਤ ਦੀ ਤਰੱਕੀ ਬਾਰੇ ਉਨ੍ਹਾਂ ਨੂੰ ਜਾਣਕਾਰੀ ਦਿੱਤੀ।

ਭਾਰਤ - ਈਐੱਫਟੀਏ ਵਪਾਰ ਗੱਲਬਾਤ ਨੂੰ ਤੇਜ਼ ਕਰਨ 'ਤੇ ਵੀ ਚਰਚਾ ਕੀਤੀ ਗਈ।

ਖੇਤਰੀ ਅਤੇ ਆਲਮੀ ਘਟਨਾਕ੍ਰਮ 'ਤੇ ਵੀ ਚਰਚਾ ਹੋਈ।

**ਕੋਪਨਹੇਗਨ**

**04 ਮਈ, 2022**

DISCLAIMER: This is an approximate translation. The original is available in English on MEA’s website and may be referred to as the official press release.